Spl-A

Tape/CD: 1314

ਪੰਨਾ ੧੧੭੯

## ਬਸੰਤੁ ਹਿੰਡੋਲ ਮਹਲਾ ੪ ਘਰੁ ੨

ਰਾਮ ਨਾਮੁ ਰਤਨ ਕੋਠੜੀ ਗੜ ਮੰਦਰਿ ਏਕ ਲੁਕਾਨੀ ॥ ਸਤਿਗੁਰੁ ਮਿਲੈ ਤ ਖੋਜੀਐ ਮਿਲਿ ਜੋਤੀ ਜੋਤਿ ਸਮਾਨੀ ॥ ੧ ॥ ਮਾਧੋ ਸਾਧੂ ਜਨ ਦੇਹੁ ਮਿਲਾਇ ॥ ਦੇਖਤ ਦਰਸੁ ਪਾਪ ਸਭਿ ਨਾਸਹਿ ਪਵਿਤ੍ਰ ਪਰਮ ਪਦੁ ਪਾਇ ॥ ੧ ॥ ਰਹਾਉ ॥ ਪੰਚ ਚੋਰ ਮਿਲਿ ਲਾਗੇ ਨਗਰੀਆ ਰਾਮ ਨਾਮ ਧਨੁ ਹਿਰਿਆ ॥ ਗੁਰਮਤਿ ਖੋਜ ਪਰੇ ਤਬ ਪਕਰੇ ਧਨੁ ਸਾਬਤੁ ਰਾਸਿ ਉਬਰਿਆ ॥ ੨ ॥ ਪਾਖੰਡ ਭਰਮ ਉਪਾਵ ਕਰਿ ਥਾਕੇ ਰਿਦ ਅੰਤਰਿ ਮਾਇਆ ਮਾਇਆ ॥ ਸਾਧੂ ਪੁਰਖੁ ਪੁਰਖਪਤਿ ਪਾਇਆ ਅਗਿਆਨ ਅੰਧੇਰੁ ਗਵਾਇਆ ॥ ੩ ॥ ਜਗੰਨਾਥ ਜਗਦੀਸ ਗੁਸਾਈ ਕਰਿ ਕਿਰਪਾ ਸਾਧੁ ਮਿਲਾਵੈ ॥ ਨਾਨਕ ਸਾਂਤਿ ਹੋਵੈ ਮਨ ਅੰਤਰਿ ਨਿਤ ਹਿਰਦੈ ਹਰਿ ਗੁਣ ਗਾਵੈ ॥ ੪ ॥ ੧ ॥ ੩ ॥

Tape/CD: 1314 ਪੰਨਾ ੧੯੩

ਗਉੜੀ ਗੁਆਰੇਰੀ ਮਹਲਾ ੫ ॥ ਸਤਿਗੁਰ ਦਰਸਨਿ ਅਗਨਿ ਨਿਵਾਰੀ ॥
ਸਤਿਗੁਰ ਭੇਟਤ ਹਉਮੈ ਮਾਰੀ ॥ ਸਤਿਗੁਰ ਸੰਗਿ ਨਾਹੀ ਮਨੁ ਡੋਲੈ ॥ ਅੰਮ੍ਰਿਤ
ਬਾਣੀ ਗੁਰਮੁਖਿ ਬੋਲੈ ॥ ੧ ॥ ਸਭੁ ਜਗੁ ਸਾਚਾ ਜਾ ਸਚ ਮਹਿ ਰਾਤੇ ॥ ਸੀਤਲ
ਸਾਤਿ ਗੁਰ ਤੇ ਪ੍ਰਭ ਜਾਤੇ ॥ ੧ ॥ ਰਹਾਉ ॥ ਸੰਤ ਪ੍ਰਸਾਦਿ ਜਪੈ ਹਰਿ ਨਾਉ ॥
ਸੰਤ ਪ੍ਰਸਾਦਿ ਹਰਿ ਕੀਰਤਨੁ ਗਾਉ ॥ ਸੰਤ ਪ੍ਰਸਾਦਿ ਸਗਲ ਦੁਖ ਮਿਟੇ ॥ ਸੰਤ
ਪ੍ਰਸਾਦਿ ਬੰਧਨ ਤੇ ਛੁਟੇ ॥ ੨ ॥ ਸੰਤ ਕ੍ਰਿ ਪਾ ਤੇ ਮਿਟੇ ਮੋਹ ਭਰਮ ॥ ਸਾਧ ਰੇਣ
ਮਜਨ ਸਭਿ ਧਰਮ ॥ ਸਾਧ ਕ੍ਰਿ ਪਾਲ ਦਇਆਲ ਗੋਵਿੰਦੁ ॥ ਸਾਧਾ ਮਹਿ ਇਹ
ਹਮਰੀ ਜਿੰਦੁ ॥ ੩ ॥ ਕਿਰਪਾ ਨਿਧਿ ਕਿਰਪਾਲ ਧਿਆਵਉ ॥ ਸਾਧਸੰਗਿ ਤਾ
ਬੈਠਣੁ ਪਾਵਉ ॥ ਮੋਹਿ ਨਿਰਗੁਣ ਕਉ ਪ੍ਰਭਿ ਕੀਨੀ ਦਇਆ ॥ ਸਾਧਸੰਗਿ
ਨਾਨਕ ਨਾਮੁ ਲਇਆ ॥ ੪ ॥ ੨੨ ॥ ੯੧ ॥

## ਪੰਨਾ ੪੭੬

ਰਾਗੁ ਆਸਾ ਬਾਣੀ ਭਗਤਾ ਕੀ ॥ ਕਬੀਰ ਜੀਉ ॥ ਇਕਤੁ ਪਤਰਿ ਭਰਿ ਉਰਕਟ ਕੁਰਕਟ ਇਕਤੁ ਪਤਰਿ ਭਰਿ ਪਾਨੀ ॥ ਆਸਿ ਪਾਸਿ ਪੰਚ ਜੋਗੀਆ ਬੈਠੇ ਬੀਚਿ ਨਕਟ ਦੇ ਰਾਨੀ ॥ ੧ ॥ ਨਕਟੀ ਕੋ ਠਨਗਨੁ ਬਾਡਾ ਡੂੰ ॥ ਕਿਨਹਿ ਬਿਬੇਕੀ ਕਾਟੀ ਤੂੰ ॥ ੧ ॥ ਰਹਾਉ ॥ ਸਗਲ ਮਾਹਿ ਨਕਟੀ ਕਾ ਵਾਸਾ ਸਗਲ ਮਾਰਿ ਅਉਹੇਰੀ ॥ ਸਗਲਿਆ ਕੀ ਹਉ ਬਹਿਨ ਭਾਨਜੀ ਜਿਨਹਿ ਬਰੀ ਤਿਸੁ ਚੇਰੀ ॥ ੨ ॥ ਹਮਰੋ ਭਰਤਾ ਬਡੋ ਬਿਬੇਕੀ ਆਪੇ ਸੰਤੁ ਕਹਾਵੈ ॥ ਓਹੁ ਹਮਾਰੈ ਮਾਥੈ ਕਾਇਮੁ ਅਉਰੁ ਹਮਰੈ ਨਿਕਟਿ ਨ ਆਵੈ ॥ ੩ ॥ ਨਾਕਹੁ ਕਾਟੀ ਕਾਨਹੁ ਕਾਟੀ ਕਾਟਿ ਕੂਟਿ ਕੈ ਡਾਰੀ ॥ ਕਹੁ ਕਬੀਰ ਸੰਤਨ ਕੀ ਬੈਰਨਿ ਤੀਨਿ ਲੋਕ ਕੀ ਪਿਆਰੀ ॥ ੪ ॥ ੪ ॥